**Vigilance Bureau Punjab**

**Vigilance nabs ASI for taking bribe**

Chandigarh, January 16: Punjab Vigilance Bureau, today nabbed an Assistant Sub Inspector (ASI) posted at police station Urban Estate Phase-2, Patiala district red handed while accepting bribe of Rs 10,000.

Disclosing this here an official spokesperson of the Vigilance Bureau said ASI Sheeshpal was nabbed red handed on the complaint of Surjeet Singh of Guru Nanak Nagar, Patiala. The complainant has approached the VB and alleged that the accused ASI was demanding Rs 30,000 to exclude his family members regarding a complaint case lodged by his wife.

After verifying his information, the vigilance team laid a trap and the accused ASI was arrested on the spot while taking bribe of Rs. 10,000 from the complainant in the presence of two official witnesses.

He informed that a case under Prevention of Corruption Act has been registered against the accused VB police station Patiala and further investigation was under progress.

----------

ਵਿਜੀਲੈਂਸ ਬਿਓਰੋ ਪੰਜਾਬ

**ਵਿਜੀਲੈਂਸ ਨੇ ਰਿਸ਼ਵਤ ਲੈਂਦਾ ਏ.ਐਸ.ਆਈ ਰੰਗੇ ਹੱਥੀਂ ਦਬੋਚਿਆ**

ਚੰਡੀਗੜ੍ਹ, 16 ਜਨਵਰੀਃ ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਥਾਣਾ ਅਰਬਨ ਅਸਟੇਟ ਫੇਜ-2, ਪਟਿਆਲਾ ਵਿਖੇ ਤਾਇਨਾਤ ਏ.ਐਸ.ਆਈ. ਸ਼ੀਸ਼ਪਾਲ ਨੂੰ 10,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਏ.ਐਸ.ਆਈ ਨੂੰ ਸ਼ਿਕਾਇਤਕਰਤਾ ਸੁਰਜੀਤ ਸਿੰਘ ਵਾਸੀ ਗੁਰੂ ਨਾਨਕ ਨਗਰ, ਪਟਿਆਲਾ ਦੀ ਸ਼ਿਕਾਇਤ ’ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਸ ਦੀ ਪਤਨੀ ਵਲੋਂ ਦਹੇਜ ਮੰਗਣ ਸਬੰਧੀ ਉਸਦੇ ਪਰਿਵਾਰਕ ਮੈਂਬਰਾਂ ਸਮੇਤ ਉਸ ਖਿਲਾਫ਼ ਦਿੱਤੀ ਦਰਖਾਸਤ ’ਤੇ ਪਰਿਵਾਰਕ ਮੈਂਬਰਾਂ ਖਿਲਾਫ਼ ਮੁਕੱਦਮਾ ਨਾ ਦਰਜ ਕਰਨ ਬਦਲੇ ਏ.ਐਸ.ਆਈ ਸ਼ੀਸ਼ਪਾਲ ਵਲੋਂ 30,000 ਰੁਪਏ ਦੀ ਮੰਗ ਕੀਤੀ ਗਈ ਹੈ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਏ.ਐਸ.ਆਈ. ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ ‘ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਪਟਿਆਲਾ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

-----